# Telephonic conversation between Prime Minister and President of the Russian Federation

September 18, 2020

---

## ਪ੍ਰਧਾਨ ਮੰਤਰੀ ਅਤੇ ਰੂਸੀ ਸੰਘ ਦੇ ਰਾਸ਼ਟਰਪਤੀ ਦਰਮਿਆਨ ਹੋਈ ਟੈਲੀਫੋਨ 'ਤੇ ਗੱਲਬਾਤ

18 ਸਤੰਬਰ, 2020

ਪ੍ਰਧਾਨ ਮੰਤਰੀ ਨੂੰ ਅੱਜ ਰੂਸੀ ਸੰਘ ਦੇ ਰਾਸ਼ਟਰਪਤੀ ਮਹਾਮਹਿਮ ਵਲਾਦੀਮੀਰ ਪੁਤਿਨ ਨੇ ਟੈਲੀਫੋਨ ਕੀਤਾ।

ਰੂਸੀ ਰਾਸ਼ਟਰਪਤੀ ਨੇ ਪ੍ਰਧਾਨ ਮੰਤਰੀ ਦੇ ਜਨਮਦਿਨ ਦੇ ਮੌਕੇ 'ਤੇ ਉਨ੍ਹਾਂ ਨੂੰ ਵਧਾਈ ਦਿੱਤੀ। ਪ੍ਰਧਾਨ ਮੰਤਰੀ ਮੋਦੀ ਨੇ ਇਸ ਵਧਾਈ ਲਈ ਆਪਣੀ ਨਿੱਘੀ ਪ੍ਰਸ਼ੰਸਾ ਦਾ ਪ੍ਰਗਟਾਅ ਕੀਤਾ।

ਦੋਨਾਂ ਆਗੂਆਂ ਨੇ ਭਾਰਤ ਅਤੇ ਰੂਸ ਵਿਚਾਲੇ 'ਵਿਸ਼ੇਸ਼ ਅਤੇ ਵਿਸ਼ੇਸ਼ ਅਧਿਕਾਰ ਪ੍ਰਾਪਤ ਰਣਨੀਤਕ ਭਾਈਵਾਲੀ' ਨੂੰ ਹੋਰ ਮਜ਼ਬੂਤ ਕਰਨ ਪ੍ਰਤੀ ਆਪਣੀ ਦ੍ਰਿੜ ਵਚਨਬੱਧਤਾ ਦੁਹਰਾਈ ਅਤੇ COVID -19 ਮਹਾਂਮਾਰੀ ਦੇ ਬਾਵਜੂਦ ਦੁਵੱਲੇ ਸੰਬੰਧਾਂ ਵਿਚ ਹੋ ਰਹੀ ਲਗਾਤਾਰ ਤੇਜ਼ੀ ਦੀ ਸ਼ਲਾਘਾ ਕੀਤੀ। ਇਸ ਪ੍ਰਸੰਗ ਵਿੱਚ ਉਨ੍ਹਾਂ ਨੇ ਰੱਖਿਆ ਮੰਤਰੀ ਅਤੇ ਵਿਦੇਸ਼ ਮੰਤਰੀ ਦੁਆਰਾ ਹਾਲ ਵਿਚ ਕੀਤੀਆਂ ਮਾਸਕੋ ਦੀਆਂ ਲਾਹੇਵੰਦ ਫੇਰੀਆਂ ਦਾ ਜ਼ਿਕਰ ਕੀਤਾ।

ਪ੍ਰਧਾਨ ਮੰਤਰੀ ਮੋਦੀ ਨੇ ਰਾਸ਼ਟਰਪਤੀ ਪੁਤਿਨ ਨੂੰ ਇਸ ਸਾਲ ਰੂਸ ਦੁਆਰਾ ਕਾਮਯਾਬੀ ਨਾਲ SCO ਅਤੇ BRICS ਦੀ ਪ੍ਰਧਾਨਗੀ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਇਸ ਸਾਲ ਬਾਅਦ ਵਿਚ ਹੋਣ ਵਾਲੇ SCO ਅਤੇ BRICS ਸ਼ਿਖਰ ਸੰਮੇਲਨਾਂ ਅਤੇ ਭਾਰਤ ਵੱਲੋਂ ਕਰਾਈ ਜਾਣ ਵਾਲੀ SCO ਸਰਕਾਰਾਂ ਦੇ ਮੁਖੀਆਂ ਦੀ ਕੌਂਸਲ ਵਿਚ ਹਿੱਸਾ ਲੈਣ ਦੀ ਆਪਣੀ ਉਤਸੁਕਤਾ ਜ਼ਾਹਰ ਕੀਤੀ।

ਪ੍ਰਧਾਨ ਮੰਤਰੀ ਮੋਦੀ ਨੇ ਭਾਰਤ ਨਾਲ ਦੁਵੱਲੇ ਸੰਬੰਧਾਂ ਨੂੰ ਮਜ਼ਬੂਤ ਕਰਨ ਪ੍ਰਤੀ ਰਾਸ਼ਟਰਪਤੀ ਪੁਤਿਨ ਦੀ ਵਿਅਕਤੀਗਤ ਵਚਨਬੱਧਤਾ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹਨਾਂ ਨੂੰ ਆਪਸੀ ਸਹੂਲਤ ਅਨੁਸਾਰ ਭਾਰਤ ਵਿਚ ਅਗਲੇ ਦੁਵੱਲੇ ਸ਼ਿਖਰ ਸੰਮੇਲਨ ਵਿਚ ਰਾਸ਼ਟਰਪਤੀ ਪੁਤਿਨ ਦਾ ਸਵਾਗਤ ਕਰਨ ਦੀ ਉਡੀਕ ਹੈ।

ਨਵੀਂ ਦਿੱਲੀ
17 ਸਤੰਬਰ, 2020

DISCLAIMER: This is an approximate translation. The original is available in English on MEA's website and may be referred to as the official press release.